**ਦਫਤਰ :- ਕਾਰਜਕਾਰੀ ਇੰਜੀਨੀਅਰ, ਪ੍ਰਾਂਤਕ ਮੰਡਲ, ਲੋ:ਨਿ:ਵਿ: ਭ ਤੇ ਮ ਸ਼ਾਖਾ, ਸਾਹਮਣੇ ਪੁਲਿਸ ਸਟੇਸ਼ਨ, ਇੰਡਸਟ੍ਰੀਅਲ ਏਰੀਆ ਫੇਸ-1, ਸਾਹਿਬਜਾਦਾ ਅਜੀਤ ਸਿੰਘ ਨਗਰ (ਮੋਹਾਲੀ)**

**E-mail Id: ee.pd.moh.pwd@punjab.gov.in, Tel. & Fax No. 0172-2226328**

ਵੱਲ,

The Principal,
Shishu Niketan-66 Public School,
Behlolpur, Sector 122, Mohali.

ਨੰ: 5194 ਮਿਤੀ: 02-7-25

**ਵਿਸ਼ਾ:-** **ਬਿਲਡਿੰਗ ਸੇਫਟੀ ਸਰਟੀਫਿਕੇਟ ਜਾਰੀ ਕਰਨ ਸਬੰਧੀ।**

**ਹਵਾਲਾ:-** ਆਪ ਦਾ ਪੱਤਰ ਮਿਤੀ 26.04.2025 ਅਤੇ Rajiv Gandhi, BE (Civil) ME (Structure) SCO 305-06, Sector 35 B, Chandigarh ਦਾ ਪੱਤਰ ਨੰ: 2025/TC/24 ਮਿਤੀ 23.04.2025

ਉਪਰੋਕਤ ਵਿਸ਼ੇ ਦੇ ਸਬੰਧ ਵਿੱਚ ਇਸ ਮੰਡਲ ਅਧੀਨ ਉਪ ਮੰਡਲ ਇੰਜੀਨੀਅਰ, ਉਸਾਰੀ ਉਪ ਮੰਡਲ ਨੰ 1, ਭ ਤੇ ਮ ਸ਼ਾਖਾ, ਐਸ. ਏ. ਐਸ. ਨਗਰ ਦੀ ਰਿਪੋਰਟ ਅਨੁਸਾਰ ਸਕੂਲ ਦੀ ਬਿਲਡਿੰਗ ਦਾ ਨਿਰੀਖਣ ਕੀਤਾ ਗਿਆ ਅਤੇ ਨਿਰੀਖਣ ਦੌਰਾਨ ਸਕੂਲ ਦੀ ਬਿਲਡਿੰਗ ਨੱਥੀ ਪਲਾਨ ਅਨੁਸਾਰ ਠੀਕ ਹੈ ਅਤੇ Visual Inspection ਅਨੁਸਾਰ ਬਿਲਡਿੰਗ ਸੇਫ ਜਾਪਦੀ ਹੈ। ਇਸ ਤੋਂ ਇਲਾਵਾ ਇੱਕ ਨਿੱਜੀ ਸਟਰੱਕਚਰਲ ਇੰਜੀਨੀਅਰ / ਫਰਮ ਵਲੋਂ ਵੀ ਇਸ ਬਿਲਡਿੰਗ ਦੀ ਸਟਰੱਕਚਰ ਪੱਖੋਂ ਇੰਸਪੈਕਸ਼ਨ ਕੀਤੀ ਗਈ ਹੈ। ਇਹ ਬਿਲਡਿੰਗ ਵਰਤੋਂ ਲਈ ਸਟਰੱਕਚਰਲ ਤੌਰ ਤੇ ਸੇਫ ਪਾਈ ਗਈ ਹੈ ਅਤੇ ਉਹਨਾਂ ਵਲੋਂ ਇਸ ਬਾਬਤ ਜਾਰੀ ਸਰਟੀਫਿਕੇਟ ਪੱਤਰ ਨੰ: 2025/TC/24 ਮਿਤੀ 23.04.2025 ਨਾਲ ਨੱਥੀ ਹੈ। ਮਾਨਯੋਗ ਸਕੱਤਰ, ਪੰਜਾਬ, ਲੋਕ ਨਿਰਮਾਣ ਵਿਭਾਗ ਭ ਤੇ ਮ ਸ਼ਾਖਾ, ਚੰਡੀਗੜ੍ਹ ਜੀ ਦੇ ਦਫਤਰੀ ਹੁਕਮ ਨੰ. 5/13/2018-3BR3/1294287/3 ਮਿਤੀ 10-08-2018 ਰਾਹੀਂ ਨਿਰਧਾਰਿਤ ਕੀਤੀ ਗਈ ਇੰਸਪੈਕਸ਼ਨ ਫੀਸ ਬਾਬਤ ਰਕਮ 10,000/- ਰੁਪਏ, ਡੀ.ਡੀ. ਨੰ. 506315 ਮਿਤੀ 19-05-2025 ਰਾਹੀਂ ਜਮ੍ਹਾਂ ਕਰਵਾ ਦਿੱਤੀ ਗਈ ਹੈ। ਜਿਸ ਸਬੰਧੀ ਸਕੂਲ ਦਾ ਬਿਲਡਿੰਗ ਸੇਫਟੀ ਸਰਟੀਫਿਕੇਟ ਸਾਲ 2025-26 ( 31.03.2026) ਤੱਕ ਨਾਲ ਨੱਥੀ ਸ਼ਰਤਾਂ ਅਨੁਸਾਰ ਜਾਰੀ ਕੀਤਾ ਜਾਂਦਾ ਹੈ।

ਨੱਥੀ/ਬਿਲਡਿੰਗ ਸੇਫਟੀ ਸਰਟੀਫਿਕੇਟ

ਕਾਰਜਕਾਰੀ ਇੰਜੀਨੀਅਰ,
ਪ੍ਰਾਂਤਕ ਮੰਡਲ,ਲੋ.ਨਿ.ਵਿ. ਭ ਤੇ ਮ ਸ਼ਾਖਾ,
ਸਾਹਿਬਜ਼ਾਦਾ ਅਜੀਤ ਸਿੰਘ ਨਗਰ।

ਪਿੱਠ ਅੰਕਣ ਨੰ. ਮਿਤੀ:

ਉਪਰੋਕਤ ਦਾ ਉਤਾਰਾ ਹੇਠ ਲਿਖਿਆ ਨੂੰ ਸੂਚਨਾ ਤੇ ਅਗਲੇਰੀ ਯੋਗ ਕਾਰਵਾਈ ਹਿੱਤ ਭੇਜਿਆ ਜਾਂਦਾ ਹੈ।

1. ਉਪ ਮੰਡਲ ਇੰਜੀਨੀਅਰ, ਉਸਾਰੀ ਉਪ ਮੰਡਲ ਨੰ 1, ਲੋਕ ਨਿਰਮਾਣ ਵਿਭਾਗ ਭ ਤੇ ਮ ਸ਼ਾਖਾ, ਐਸ. ਏ. ਐਸ. ਨਗਰ ਨੂੰ ਉਨ੍ਹਾਂ ਦੇ ਪੱਤਰ ਨੰ. 197 ਮਿਤੀ 27.06.2025 ਦੇ ਸਬੰਧ ਵਿੱਚ।
2. ਸੁਪਰਡੰਟ (ਸਮੇਤ ਡੀ.ਡੀ ਨੰ. 506135 ਮਿਤੀ 19-05-2025, ਬਾਬਤ ਰਕਮ 10,000/- ਮੂਲ ਰੂਪ ਵਿੱਚ)

ਨੱਥੀ/ਡੀ.ਡੀ. ਲੜੀ ਨੰ. 2 ਲਈ

ਕਾਰਜਕਾਰੀ ਇੰਜੀਨੀਅਰ,
ਪ੍ਰਾਂਤਕ ਮੰਡਲ ਲੋ.ਨਿ.ਵਿ. ਭ ਤੇ ਮ ਸ਼ਾਖਾ,
ਸਾਹਿਬਜ਼ਾਦਾ ਅਜੀਤ ਸਿੰਘ ਨਗਰ।

# BUILDING SAFETY CERTIFICATE

**Subject:** **Building Safety Certificate for Shishu Niketan-66 Public School, Behlolpur, Sector-122, Mohali.**

**Shishu Niketan-66 Public School, Behlolpur, Sector-122, Mohali** ਦੀ ਬਿਲਡਿੰਗ ਦਾ ਸਟੱਰਕਚਰ ਸਟੇਬਿਲਟੀ ਸਰਟੀਫਿਕੇਟ **Er. Rajiv Gandhi, The Creators, F-15, Centra Mall, 177-D, Industrial Area, Phase, Chandigarh B.E. (Civil) M.E. (Structure)** ਦੇ ਪੱਤਰ ਨੰ. **2025/TC/55** ਮਿਤੀ **30.05.2025** ਨੂੰ ਧਿਆਨ ਵਿੱਚ ਰੱਖਦੇ ਹੋਏ ਬਿਲਡਿੰਗ ਸੇਫਟੀ ਸਰਟੀਫਿਕੇਟ ਮਿਤੀ **31.03.2026** ਤੱਕ ਹੇਠ ਲਿਖੀਆਂ ਸ਼ਰਤਾਂ ਤੇ ਜਾਰੀ ਕੀਤਾ ਜਾਂਦਾ ਹੈ:-

1 ਨਿਰੀਖਣ ਤੋਂ ਬਾਅਦ ਜੇਕਰ ਸਕੂਲ ਵੱਲੋਂ ਦਰਸਾਈ ਗਈ ਬਿਲਡਿੰਗ ਦੇ ਸਟਰਕੱਚਰ ਵਿੱਚ ਕਿਸੇ ਵੀ ਕਿਸਮ ਦੀ ਤਬਦੀਲੀ ਕੀਤੀ ਜਾਂਦੀ ਹੈ ਤਾਂ ਬਿਲਡਿੰਗ ਦਾ ਸੇਫਟੀ ਸਰਟੀਫਿਕੇਟ ਰੱਧ ਸਮਝਿਆ ਜਾਵੇ।

2 ਜੇਕਰ ਕੋਈ ਕੁਦਰਤੀ ਆਫਤ ਕਾਰਨ ਜਾਂ ਕਿਸੇ ਵੀ ਕਾਰਨ ਬਿਲਡਿੰਗ ਨੂੰ ਨੁਕਸਾਨ ਹੁੰਦਾ ਹੈ ਤਾਂ ਵੀ ਸਕੂਲ ਮੁੱਖੀ ਨੂੰ ਤੁਰੰਤ ਇਸ ਦਫਤਰ ਨੂੰ ਸੂਚਿਤ ਕਰਨਾ ਪਵੇਗਾ ਅਤੇ ਜੋ ਬਣਦੀ ਕਾਰਵਾਈ ਕੀਤੀ ਜਾ ਸਕੇ।

3 ਇਸ ਬਿਲਡਿੰਗ ਦਾ ਫਾਇਰ ਸੇਫਟੀ ਸਰਟੀਫਿਕੇਟ, ਪੰਜਾਬ ਫਾਇਰ ਸਰਵਿਸਿਜ਼, ਐਸ.ਏ.ਐਸ. ਨਗਰ ਵੱਲੋਂ ਉਨ੍ਹਾਂ ਦੇ ਨੰ. 2004-112259-86456 ਮਿਤੀ 21.04.2025 ਦੁਆਰਾ ਜਾਰੀ ਕੀਤਾ ਗਿਆ ਹੈ। ਫਾਇਰ ਸੇਫਟੀ ਵਿਭਾਗ ਦੀਆਂ ਹਦਾਇਤਾਂ ਅਨੁਸਾਰ ਅੱਗ ਬੁਝਾਊ ਯੰਤਰ ਤਸੱਲੀਬਖਸ਼ ਹੋਣੇ ਚਾਹੀਦੇ ਹਨ ਅਤੇ ਕਰਮਚਾਰੀ ਅੱਗ ਬੁਝਾਉਣ ਸਬੰਧੀ ਟਰੇਂਡ ਹੋਣੇ ਚਾਹੀਦੇ ਹਨ, ਇਸ ਨੂੰ ਯਕੀਨੀ ਬਣਾਇਆ ਜਾਵੇ।

4 ਉਕਤ ਕਿਸੇ ਵੀ ਹਾਲਤ ਵਿੱਚ ਜਾਂ ਹੋਰ ਕੋਈ ਕੁਦਰਤੀ / ਮਨੁੱਖੀ ਆਫਤਾਂ ਆਉਣ ਦੀ ਸੂਰਤ ਵਿੱਚ ਬਿਲਡਿੰਗ ਦੀ ਤਰੁੰਤ ਰੀ-ਇੰਸਪੈਕਸ਼ਨ ਕਰਾਉਣ ਦੀ ਨਿਰੋਲ ਜ਼ਿੰਮੇਵਾਰੀ ਕੇਵਲ ਬਿਨੈਕਾਰ ਦੀ ਹੋਵੇਗੀ।

5 ਜੇਕਰ ਸਕੂਲ ਵੱਲੋਂ ਸੇਫਟੀ ਨਾਲ ਸਬੰਧਤ ਕਿਸੇ ਵੀ ਸ਼ਰਤ ਦੀ ਉਲੰਘਣਾ ਕੀਤੀ ਜਾਂਦੀ ਹੈ ਤਾਂ ਇਸ ਵਿਭਾਗ ਵੱਲੋਂ ਜਾਰੀ ਕੀਤਾ ਸਰਟੀਫਿਕੇਟ ਰੱਦ ਕਰ ਦਿੱਤਾ ਜਾਵੇਗਾ।

6 ਰੋਡ ਅਸੈਸ ਸਬੰਧੀ ਮਾਨਯੋਗ ਪੰਜਾਬ ਅਤੇ ਹਰਿਆਣਾ ਹਾਈਕੋਰਟ ਵੱਲੋਂ ਭਵਿੱਖ ਵਿੱਚ ਜੋ ਵੀ ਫੈਸਲਾਂ ਕੀਤਾ ਜਾਵੇਗਾ, ਉਸ ਨੂੰ ਇਹ ਸੰਸਥਾ ਮੰਨਣ ਦੀ ਪਾਬੰਦ ਹੋਵੇਗੀ।

7 ਜੇਕਰ ਬਿਲਡਿੰਗ ਉੱਪਰ ਹੋਰ ਮੰਜ਼ਿਲ ਦੀ ਉਸਾਰੀ ਕੀਤੀ ਜਾਂਦੀ ਹੈ ਤਾਂ ਉਸ ਬਿਲਡਿੰਗ ਦੀਆਂ ਹੇਠਲੀਆਂ ਮੰਜ਼ਿਲਾਂ ਵਿੱਚ ਜਮਾਤਾਂ ਨਾ ਲਗਾਈਆਂ ਜਾਣ।

8 ਇਹ ਸਰਟੀਫਿਕੇਟ ਕਿਸੇ ਵੀ ਲੀਗਲ ਕੇਸਾਂ ਲਈ ਪ੍ਰਮਾਣਿਤ ਨਹੀਂ ਹੋਵੇਗਾ।

9 ਇਹ ਸਰਟੀਫਿਕੇਟ ਕੇਵਲ **Visual Inspection** ਦੀ ਅਧਾਰ ਤੇ ਕੇਵਲ **Structural Safety** ਪੱਖੋਂ ਜਾਰੀ ਕੀਤਾ ਗਿਆ ਹੈ। ਇਸ ਵਿੱਚ ਕੋਈ ਬਿਜਲੀ, ਮਸ਼ੀਨਰੀ, **Equipment** ਆਦਿ ਬਾਬਤ ਇਸ ਦਫਤਰ ਦੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ।

10 ਇਹ ਸਰਟੀਫਿਕੇਟ **Er. Rajiv Gandhi, Structure Engineer Mohali** ਵੱਲੋਂ ਸਾਈਟ ਨਿਰੀਖਣ ਉਪਰੰਤ ਜਾਰੀ ਕੀਤੇ ਸਟਰਕੱਚਰ ਸੇਫਟੀ ਸਰਟੀਫਿਕੇਟ ਦੇ ਆਧਾਰ ਤੇ ਜਾਰੀ ਕੀਤਾ ਜਾਂਦਾ ਹੈ।

ਉਪ ਮੰਡਲ ਇੰਜੀਨੀਅਰ,
ਉਸਾਰੀ ਉਪ ਮੰਡਲ ਨੰ. 1, ਲੋ:ਨਿ:ਵਿ: ਭ ਤੇ ਮ ਸ਼ਾਖਾ,
ਐਸ.ਏ.ਐਸ. ਨਗਰ।

ਕਾਰਜਕਾਰੀ ਇੰਜੀਨੀਅਰ,
ਪ੍ਰਾਂਤਕ ਮੰਡਲ, ਲੋ:ਨਿ:ਵਿ: ਭ ਤੇ ਮ ਸ਼ਾਖਾ,
ਐਸ.ਏ.ਐਸ. ਨਗਰ।